ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਹਾਈਟੈੱਕ ਨਾਕਾ ਆਂਸਰੋਂ ਵਿਖੇ ਵਾਹਨਾਂ ਦੀ ਜਾਂਚ ਦੌਰਾਨ ਪੁਲਿਸ ਪਾਰਟੀ ਨਾਲ ਹਾਜ਼ਰ ਇੰਚਾਰਜ ਸਬ-ਇੰਸਪੈਕਟਰ ਸਤਨਾਮ ਸਿੰਘ।

ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਮੰਜੀ ਸਾਹਿਬ ਤੋਂ ਇਤਿਹਾਸਕ ਨਗਰ ਕੀਰਤਨ ਅੱਜ

• ਸ਼ਹਿਰ ਵਾਸੀਆਂ ਵਲੋਂ ਨਗਰ ਕੀਰਤਨ ਦੇ ਸਵਾਗਤ ਦੀਆਂ ਜ਼ੋਰਦਾਰ ਤਿਆਰੀਆਂ

ਨਵਾਂਸ਼ਹਿਰ, 27 ਨਵੰਬਰ (ਜਸਬੀਰ ਸਿੰਘ ਨੂਰਪੁਰ)-ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਪੁਰਬ ਨੂੰ ਸਮਰਪਿਤ ਅੱਜ ਨਵਾਂਸ਼ਹਿਰ ਵਿਖੇ ਸਜਾਏ ਜਾ ਰਹੇ ਇਤਿਹਾਸਕ ਨਗਰ ਕੀਰਤਨ ਲਈ ਤਿਆਰੀਆਂ ਵੱਡੇ ਪੱਧਰ 'ਤੇ ਕੀਤੀਆਂ ਜਾ ਰਹੀਆਂ ਹਨ। ਇਹ ਨਗਰ ਕੀਰਤਨ ਗੁਰਦੁਆਰਾ ਮੰਜੀ ਸਾਹਿਬ ਬੰਗਾ ਰੋਡ ਤੋਂ ਸਵੇਰੇ 10:00 ਵਜੇ ਆਰੰਭ ਹੋ ਕੇ ਹੀਰਾਂ ਜੱਟਾ ਮੁਹੱਲਾ, ਘਾਹ ਮੰਡੀ, ਆਰੀਆ ਸਮਾਜ ਰੋਡ, ਸਬਜੀ ਮੰਡੀ ਦੇ ਸਾਹਮਣੇ ਤੋਂ ਹੁੰਦਾ ਹੋਇਆ ਕੋਠੀ ਰੋਡ, ਗੀਤਾ ਭਵਨ ਰੋਡ, ਰੇਲਵੇ ਰੋਡ, ਫੱਟੀ ਬਸਤਾ ਚੌਂਕ, ਚੰਡੀਗੜ੍ਹ ਚੌਂਕ ਤੋਂ ਚੱਲ ਕੇ ਆਈ.ਟੀ.ਆਈ ਗਰਾਊਂਡ ਵਿਖੇ ਪਹੁੰਚੇਗਾ ਜਿੱਥੇ ਕਿ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਘੋੜ ਸਵਾਰੀ ਅਤੇ ਗਤਕੇ ਦੇ ਜੌਹਰ ਦਿਖਾਏ ਜਾਣਗੇ। ਆਈ.ਟੀ .ਆਈ ਵਿੱਚ ਧਾਰਮਿਕ ਸਟੇਜ ਵੀ ਲਗਾਈ ਜਾਵੇਗੀ ਜਿੱਥੇ ਕੀਰਤਨ ਅਤੇ ਢਾਡੀ ਵਾਰਾਂ ਨਾਲ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ। ਨਗਰ ਕੀਰਤਨ ਦੇ ਸਾਰੇ ਰੂਟ ਤੇ ਸ਼ਹਿਰ ਵਾਸੀਆਂ ਅਤੇ ਸ਼ਹਿਰ ਦੀਆਂ ਧਾਰਮਿਕ, ਸਮਾਜ ਸੇਵੀ, ਵਿੱਦਿਅਕ ਅਤੇ ਵਪਾਰਕ ਜਥੇਬੰਦੀਆਂ ਵੱਲੋਂ ਨਗਰ ਕੀਰਤਨ ਦੇ ਸਵਾਗਤ ਲਈ ਸਵਾਗਤੀ ਗੇਟ ਖਾਣ-ਪੀਣ ਦੇ ਸਟਾਲ ਅਤੇ ਹੋਰ ਵੱਖ-ਵੱਖ ਪ੍ਰਬੰਧ ਕੀਤੇ ਗਏ ਹਨ। ਸ਼ਹਿਰ ਦੇ ਸਮੁੱਚੇ ਭਾਈਚਾਰਿਆਂ ਅਤੇ ਸੰਸਥਾਵਾਂ ਦੇ ਆਗੂ ਇਸ ਨਗਰ ਕੀਰਤਨ ਦੇ ਪ੍ਰਬੰਧਾਂ ਦੀ ਦੇਖ ਰੇਖ ਕਰ ਰਹੇ ਹਨ। ਇਸ ਨਗਰ ਕੀਰਤਨ ਵਿੱਚ ਕੁੱਝ ਧਾਰਮਿਕ ਸ਼ਖਸੀਅਤਾਂ ਦੇ ਸ਼ਾਮਲ ਹੋਣ ਦੀ ਵੀ ਸੰਭਾਵਨਾ ਹੈ ਜਿਨ੍ਹਾਂ ਵਿੱਚ 96 ਕਰੋੜੀ ਬੁੱਢਾ ਦਲ ਦੇ ਜਥੇਦਾਰ ਬਾਬਾ ਬਲਵੀਰ ਸਿੰਘ, ਤਰਨਾ ਦਲ ਦੇ ਆਗੂ ਬਾਬਾ ਨਾਗਰ ਸਿੰਘ, ਸੰਤ ਬਾਬਾ ਸਤਨਾਮ ਸਿੰਘ ਜੀ ਕਿਲਾ ਅਨੰਦਗੜ੍ਹ ਸਾਹਿਬ ਵਾਲੇ, ਸੰਤ ਸੀਤਾ ਰਾਮ ਜੀ, ਸੰਤ ਬਾਬਾ ਜੋਗਿੰਦਰ ਸਿੰਘ ਨੈਕੀ ਵਾਲੇ, ਸੰਤ ਬਾਬਾ ਅਮਰੀਕ ਸਿੰਘ ਮਹਿਤਪੁਰ ਉਲੱਦਣੀ ਵਾਲੇ, ਸੰਤ ਬਾਬਾ ਨਛੱਤਰ ਸਿੰਘ ਅਲਾਚੌਰ ਵਾਲੇ, ਭਾਈ ਸਰਬਜੀਤ ਸਿੰਘ ਜੀ ਲੁਧਿਆਣੇ ਵਾਲੇ, ਜਥੇਦਾਰ ਮਹਿੰਦਰ ਸਿੰਘ ਹੁਸੈਨਪੁਰ, ਗੁਰਬਖਸ਼ ਸਿੰਘ ਖਾਲਸਾ, ਬਰਜਿੰਦਰ ਸਿੰਘ ਹੁਸੈਨਪੁਰ ਅਤੇ ਗੁ: ਮੰਜੀ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਨਰੰਗ ਸਿੰਘ ਵੀ ਇਨ੍ਹਾਂ ਸ਼ਖਸੀਅਤਾਂ ਵਿੱਚ ਸ਼ਾਮਿਲ ਹੋਣਗੇ। ਇਹਨਾਂ ਤੋਂ ਇਲਾਵਾ ਹੋਰ ਧਾਰਮਿਕ, ਸਮਾਜ ਸੇਵੀ ਅਤੇ ਸਿਆਸੀ ਆਗੂ ਵੀ ਇਸ ਨਗਰ ਕੀਰਤਨ ਦੌਰਾਨ ਸੰਗਤਾਂ ਵਿੱਚ ਹਾਜ਼ਰੀ ਭਰਨਗੇ। ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਸੁਸਾਇਟੀ ਦਫ਼ਤਰ ਵਿਖੇ ਹੋਈ ਮੀਟਿੰਗ ਉਪਰੰਤ ਇਹ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਮੀਟਿੰਗ ਦੌਰਾਨ ਜਿੱਥੇ ਸਮੁੱਚੇ ਪ੍ਰਬੰਧਾਂ ਦਾ ਜਾਇਜਾ ਲਿਆ ਗਿਆ ਉੱਥੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਮੁੱਚੇ ਭਾਈਚਾਰਿਆਂ ਦੀਆਂ ਸੰਗਤਾਂ ਨੂੰ ਇਸ ਇਤਿਹਾਸਕ ਨਗਰ ਕੀਰਤਨ 'ਚ ਟਰੈਕਟਰ ਟਰਾਲੀਆਂ ਅਤੇ ਨਿੱਜੀ ਵਾਹਨਾਂ ਰਾਹੀਂ ਸ਼ਾਮਲ ਹੋਣ ਲਈ ਅਪੀਲ ਕੀਤੀ ਗਈ। ਮੀਟਿੰਗ ਦੌਰਾਨ ਦੀਦਾਰ ਸਿੰਘ ਗਰੂੰਣ, ਉੱਤਮ ਸਿੰਘ ਸੇਠੀ, ਹਰਸੁੱਖਪਾਲ ਸਿੰਘ ਗਰੇਵਾਲ, ਜਗਜੀਤ ਸਿੰਘ ਸੈਣੀ, ਜਗਦੀਪ ਸਿੰਘ, ਹਕੀਕਤ ਸਿੰਘ, ਮਨਜੀਤ ਸਿੰਘ ਮਹਿਤਪੁਰੀ, ਮਨਮੋਹਨ ਸਿੰਘ ਕੰਵਲ, ਗੁਰ ਚਰਨ ਸਿੰਘ ਪਬਲਾ, ਕੁਲਜੀਤ ਸਿੰਘ ਖਾਲਸਾ ਮੁੱਖਵਿੰਦਰਪਾਲ ਸਿੰਘ, ਹਰਵਿੰਦਰ ਸਿੰਘ ਅਤੇ ਸੋਹਣ ਸਿੰਘ ਉਸਤਾਦ, ਬਖਸ਼ੀਸ਼ ਸਿੰਘ ਸੈਣੀ ਵੀ ਮੌਜੂਦ ਸਨ।

ਨਗਰ ਕੀਰਤਨ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੈਂਬਰ।

ਬਾਬਾ ਜੀ ਦੇ ਸਾਲਾਨਾ ਮੇਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਮੈਂਬਰ।

ਸਿੱਧ ਬਾਬਾ ਬਾਲਕ ਨਾਥ ਮੰਦਰ, ਜਾੜਲਾ ਰੋਡ ਵਿਖੇ ਬਾਬਾ ਜੀ ਦਾ ਸਾਲਾਨਾ ਮੇਲਾ ਤੇ ਭੰਡਾਰਾ 30 ਨੂੰ

ਰਾਹੋਂ, 27 ਨਵੰਬਰ (ਉਂਕਾਰ ਸਿੰਘ ਰਾਠੌਰ) - ਬਾਬਾ ਜੀ ਦਾ ਸਲਾਨਾ ਮੇਲਾ ਅਤੇ ਭੰਡਾਰਾ 30 ਨਵੰਬਰ ਨੂੰ ਸਿੱਧ ਬਾਬਾ ਬਾਲਕ ਨਾਥ ਮੰਦਰ, ਜਾੜਲਾ ਰੋਡ ਵਿਖੇ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ

ਪ੍ਰਸਿੱਧ ਗਾਇਕ ਸੁੱਖਾ ਰਾਮ ਸਰੋਆ ਅਤੇ ਆਸ਼ੂ ਬਾਬਾ ਦਾ ਗੁਣਗਾਨ ਕਰਨਗੇ

ਕਮੇਟੀ ਦੇ ਚੇਅਰਮੈਨ ਕੌਂਸਲਰ ਦਵਿੰਦਰ ਜਾਂਗੜਾ ਅਤੇ ਪ੍ਰਧਾਨ ਆਸ਼ੂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਜੀ ਦਾ ਸਾਲਾਨਾ ਮੇਲਾ ਬਹੁਤ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਸਵੇਰੇ ਬਾਬਾ ਜੀ ਦੇ ਦਰਬਾਰ ਵਿੱਚ ਹਵਨ ਅਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਉਸ ਉਪਰੰਤ ਪ੍ਰਸਿੱਧ ਗਾਇਕ ਸੁੱਖਾ ਰਾਮ ਸਰੋਆ ਅਤੇ ਬਾਬਾ ਬਾਲਕ ਨਾਥ ਭਜਨ ਮੰਡਲੀ ਦੇ ਗਾਇਕ ਆਸ਼ੂ ਦਿਗਵਾ ਬਾਬਾ ਜੀ ਦਾ ਗੁਣਗਾਨ ਕਰਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਮੌਕੇ ਬਾਬਾ ਜੀ ਲਈ ਇੱਕ ਵੱਡਾ ਭੰਡਾਰਾ ਵੀ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਬਾਬਾ ਜੀ ਦੇ ਮੇਲੇ ਵਿੱਚ ਪੁੱਜਣ ਵਾਲੀਆਂ ਸੰਗਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਨੰਬਰਦਾਰ ਸੁਖਦੇਵ ਜਾਂਗੜਾ, ਸੰਜੀਵ ਜਾਂਗੜਾ, ਸ਼ਿਵ ਜਾਂਗੜਾ, ਪਵਨ ਕੁਮਾਰ ਜਾਂਗੜਾ, ਇੰਦਰਜੀਤ ਸਿੰਘ, ਮਾਸਟਰ ਮਦਨ ਲਾਲ ਸਹੋਤਾ, ਗਗਨ ਅਰੋੜਾ, ਪੰਡਿਤ ਮੁਕੇਸ਼ ਸ਼ਰਮਾ, ਪੰਡਿਤ ਕਪਿਲ ਸ਼ਰਮਾ, ਅਜੈ ਵਸ਼ਿਸ਼ਟ, ਨਰੇਸ਼ ਕੁਮਾਰ, ਪੁਨੀਤ ਕੁਮਾਰ, ਸ਼ਰਨ ਜਾਂਗੜਾ, ਮਨੀਸ਼ ਜਾਂਗੜਾ ਆਦਿ ਹਾਜ਼ਰ ਸਨ।

ਮਨਰੇਗਾ ਮਜ਼ਦੂਰਾਂ ਨੂੰ ਰੁਜ਼ਗਾਰ ਜਾਂ ਬੇਰੁਜ਼ਗਾਰੀ ਭੱਤੇ ਦੀ ਮੰਗ ਸੰਬੰਧੀ ਗੁੰਮਰਾਹ ਨਾ ਕੀਤਾ ਜਾਵੇ- ਬਲਦੇਵ ਭਾਰਤੀ

ਔੜ, 27 ਨਵੰਬਰ (ਗੁਰਨਾਮ ਸਿੰਘ ਸੈਣੀ) - ਨੈਸ਼ਨਲ ਲੇਬਰ ਆਰਗੇਨਾਈਜੇਸ਼ਨ (ਐੱਨ.ਐੱਲ.ਓ) ਦੇ ਕਨਵੀਨਰ ਬਲਦੇਵ ਭਾਰਤੀ ਸਟੇਟ ਐਵਾਰਡੀ ਨੇ ਦੱਸਿਆ ਕਿ ਕੁੱਝ ਮਨਰੇਗਾ ਅਧਿਕਾਰੀਆਂ, ਕਰਮਚਾਰੀਆਂ ਅਤੇ ਹੋਰ ਰਸੂਖਵਾਨ ਲੋਕਾਂ ਵੱਲੋਂ ਰੁਜ਼ਗਾਰ ਅਤੇ ਬੇਰੁਜ਼ਗਾਰੀ ਭੱਤੇ ਦੀ ਮੰਗ ਸਬੰਧੀ ਮਜ਼ਦੂਰਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਇਸ ਸਬੰਧੀ ਸਖ਼ਤ ਨੋਟਿਸ ਲੈਂਦਿਆਂ ਚਿਤਾਵਨੀ ਦਿੱਤੀ ਕਿ ਮਜ਼ਦੂਰਾਂ ਨੂੰ ਗੁੰਮਰਾਹ ਕਰਨ ਦੀਆਂ ਕੋਸ਼ਿਸ਼ਾਂ ਬੰਦ ਕਰ ਕੇ ਆਪਣੀ ਬਣਦੀ ਡਿਊਟੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭਾਂਵੇ ਕਿ ਮਨਰੇਗਾ ਵਿੱਚੋਂ ਕੁੱਝ ਕੱਚੇ ਕੰਮ ਹਟਾ ਦਿੱਤੇ ਗਏ ਹਨ ਪਰ ਮਜ਼ਦੂਰਾਂ ਪਾਸ ਇੱਕ ਵਿੱਤੀ ਸਾਲ ਦੌਰਾਨ 100 ਦਿਨ ਦਾ ਰੁਜ਼ਗਾਰ ਲੈਣ ਦਾ ਕਾਨੂੰਨੀ ਹੱਕ ਮੌਜੂਦ ਹੈ। ਬਲਦੇਵ ਭਾਰਤੀ ਨੇ ਦੱਸਿਆ ਕਿ ਮਨਰੇਗਾ ਮਜ਼ਦੂਰਾਂ ਵੱਲੋਂ ਮੁੱਢਲੇ ਸੰਘਰਸ਼ ਵਜੋਂ ਉਨ੍ਹਾਂ ਦੀ ਜੱਥੇਬੰਦੀ ਨੈਸ਼ਨਲ ਲੇਬਰ ਆਰਗੇਨਾਈਜੇਸ਼ਨ (ਐੱਨ. ਐੱਲ. ਓ) ਰਾਹੀਂ ਮਹਾਤਮਾ ਗਾਂਧੀ ਕੌਮੀ ਦਿਹਾਤੀ ਰੋਜ਼ਗਾਰ ਗ੍ਰੰਟੀ ਕਾਨੂੰਨ-2005 ਦੇ ਸੈਕਸ਼ਨ 3 (1), ਪੈਰਾ ਨੰ. 9 ਸ਼ਡਿਊਲਡ-II ਤਹਿਤ ਰੁਜ਼ਗਾਰ ਦੀ ਮੰਗ ਲਿਖਤੀ ਤੌਰ 'ਤੇ ਕੀਤੀ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਮਨਰੇਗਾ ਮਜ਼ਦੂਰਾਂ ਦੀ ਮੰਗ ਅਨੁਸਾਰ ਉਨ੍ਹਾਂ ਨੂੰ ਰੁਜ਼ਗਾਰ ਜਾਂ ਬੇਰੁਜ਼ਗਾਰੀ ਭੱਤਾ ਨਹੀਂ ਦਿੱਤਾ ਜਾਂਦਾ ਤਾਂ ਇਹ ਮਨਰੇਗਾ ਕਾਨੂੰਨ-2005 ਦੀ ਉਲੰਘਣਾ ਹੈ ਅਤੇ ਇਸ ਮਜ਼ਦੂਰ ਵਿਰੋਧੀ ਵਿਵਸਥਾ ਦੇ ਖਿਲਾਫ ਪਿੰਡ-ਪਿੰਡ ਤੋਂ ਸਮਾਜਿਕ ਸੰਘਰਸ਼ ਸ਼ੁਰੂ ਕੀਤਾ ਜਾਵੇਗਾ ਅਤੇ ਕਾਨੂੰਨੀ ਲੜਾਈ ਵੀ ਲੜੀ ਜਾਵੇਗੀ।

ਨੈਸ਼ਨਲ ਲੇਬਰ ਆਰਗੇਨਾਈਜੇਸ਼ਨ (ਐੱਨ.ਐੱਲ.ਓ) ਦੇ ਕਨਵੀਨਰ ਬਲਦੇਵ ਭਾਰਤੀ ਮਨਰੇਗਾ ਮਜ਼ਦੂਰਾਂ ਸੰਬੰਧੀ ਜਾਣਕਾਰੀ ਦਿੰਦੇ ਹੋਏ। ਤਸਵੀਰ : ਗੁਰਨਾਮ ਸਿੰਘ ਸੈਣੀ

ਗੁ. ਸਿੰਘ ਸਭਾ ਲਹਿੰਦੀ ਪੱਤੀ ਲਧਾਣਾ ਉੱਚਾ ਵਿਖੇ ਮਨਾਏ ਸ਼ਹੀਦੀ ਸਮਾਗਮ ਮੌਕੇ ਸਜੇ ਦੀਵਾਨ ਵਿਚ ਕੀਰਤਨ ਕਰਦਾ ਜਥਾ ਅਤੇ ਕਥਾ ਵਾਚਕ ਪਰਮਵੀਰ ਸਿੰਘ ਕਥਾ ਕਰਦੇ ਹੋਏ। ਤਸਵੀਰ : ਕਰਮ ਲਧਾਣਾ

ਗੁਰਦੁਆਰਾ ਸਿੰਘ ਸਭਾ ਲਹਿੰਦੀ ਪੱਤੀ ਲਧਾਣਾ ਉੱਚਾ ਵਿਖੇ ਸ਼ਹੀਦੀ ਸਮਾਗਮ ਕਰਾਇਆ

ਬੰਗਾ, 27 ਨਵੰਬਰ (ਸੁਰਿੰਦਰ ਸਿੰਘ ਕਰਮ ਲਧਾਣਾ) - ਗੁਰਦੁਆਰਾ ਸਿੰਘ ਸਭਾ ਲਹਿੰਦੀ ਪੱਤੀ ਲਧਾਣਾ ਉੱਚਾ ਵਿਖੇ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ 'ਤੇ ਗੁਰਮਤਿ ਸਮਾਗਮ ਕਰਾਇਆ। ਅਰੰਭਤਾ 'ਚ ਸੰਗਤਾਂ ਵਲੋਂ ਸਮੂਹਿਕ ਰੂਪ ਵਿੱਚ ਕੀਤੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਦੀਵਾਨ ਸਜਾਏ ਗਏ। ਜਿਸ ਦੌਰਾਨ ਕੀਰਤਨੀਏ ਭਾਈ ਦਲਜੀਤ ਸਿੰਘ ਲਧਾਣਾ ਉੱਚਾ, ਕੀਰਤਨੀਏ ਭਾਈ ਕਰਨਵੀਰ ਸਿੰਘ ਲਧਾਣਾ ਉੱਚਾ ਦੇ ਜਥਿਆਂ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ, ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਰਚੇ ਸ਼ਬਦਾਂ ਦਾ ਗਾਇਨ ਕਰਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸ਼ਰਧਾਂਜਲੀ ਅਰਪਿਤ ਕੀਤੀ। ਅੰਤ ਵਿੱਚ ਬੇਹੱਦ ਪ੍ਰਭਾਵਸ਼ਾਲੀ ਤੇ ਉੱਘੇ ਕਥਾਵਾਚਕ ਗਿ. ਪਰਮਵੀਰ ਸਿੰਘ ਹਜ਼ੂਰੀ ਗ੍ਰੰਥੀ ਅਤੇ ਕਥਾਵਾਚਕ ਗੁਰਦੁਆਰਾ ਸ੍ਰੀ ਦਸ਼ਮੇਸ਼ ਦਰਬਾਰ ਲਧਾਣਾ ਉੱਚਾ ਨੇ ਐਸੀ ਉੱਚੀ-ਸੁੱਚੀ ਭਾਵਨਾ ਨਾਲ ਗੁਰੂ ਸਾਹਿਬ ਦੀ ਸ਼ਹੀਦੀ ਦਾ ਉਨ੍ਹਾਂ ਦਾ ਸੀਸ ਭਾਈ ਜੈਤਾ ਜੀ ਦੁਆਰਾ ਸ੍ਰੀ ਅਨੰਦਪੁਰ ਸਾਹਿਬ ਲਿਆਉਣ ਦਾ ਪ੍ਰਕਰਣ, ਉਨ੍ਹਾਂ ਦੁਆਰਾ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਪੁੱਜਣ ਦੌਰਾਨ ਕੀਤੇ ਵੱਖ- ਵੱਖ ਪੜਾਵਾਂ ਦਾ ਇਉਂ ਵੇਰਵਾ ਪੇਸ਼ ਕੀਤਾ ਕਿ ਸਾਰੇ ਪ੍ਰਕਰਣ ਸੰਗਤਾਂ ਦੀਆਂ ਅੱਖਾਂ ਅੱਗੇ ਅਤੇ ਚੇਤਿਆਂ 'ਚ ਮੂਰਤੀਮਾਨ ਹੋ ਗਏ। ਇਸ ਮੌਕੇ ਹਾਜ਼ਰ ਸੰਗਤਾਂ 'ਚ ਸੂਬੇਦਾਰ ਗਿ. ਸਵਰਨ ਸਿੰਘ, ਪ੍ਰਧਾਨ ਗਿ. ਪਰਮਜੀਤ ਸਿੰਘ, ਖਜ਼ਾਨਚੀ ਸ. ਬਲਵੰਤ ਸਿੰਘ, ਗਿ. ਹਰਵਿੰਦਰ ਸਿੰਘ ਬਿੰਦਾ, ਮੰਗਤ ਸਿੰਘ ਇਟਲੀ, ਕੁਲਵੰਤ ਸਿੰਘ, ਪਰਮਿੰਦਰ ਸਿੰਘ ਕਾਕਾ, ਸਰਵਣ ਸਿੰਘ, ਗਿ. ਤਰਸੇਮ ਸਿੰਘ, ਗਿ. ਦਲਜੀਤ ਸਿੰਘ, ਬੀਬੀ ਆਗਿਆ ਕੌਰ, ਉਂਕਾਰ ਸਿੰਘ ਕਾਰੀ, ਸ. ਸੋਹਣ ਸਿੰਘ, ਸ. ਭੁਪਿੰਦਰ ਸਿੰਘ ਤਕੀਏ ਵਾਲੇ ਅਤੇ ਭਾਈ ਗਿਣਤੀ 'ਚ ਬੀਬੀਆਂ ਹਾਜ਼ਰ ਸਨ।

ਸ੍ਰੀ ਖੁਰਾਲਗੜ੍ਹ ਸਾਹਿਬ ਦੇ ਰਸਤਿਆਂ 'ਚ ਖੁੱਲ੍ਹੇ ਸ਼ਰਾਬ ਦੇ ਠੇਕੇ ਚੁਕਵਾਏ ਜਾਣ - ਸੰਤ ਸੁਰਿੰਦਰ ਦਾਸ

ਗੜ੍ਹਸ਼ੰਕਰ, 27 ਨਵੰਬਰ (ਧਾਲੀਵਾਲ)- ਭਾਰਤੀ ਸੰਵਿਧਾਨ ਦਿਵਸ ਮੌਕੇ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਸ੍ਰੀ ਚਰਨ ਛੋਹ ਗੰਗਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਗੁਰੂ ਘਰ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ, ਮੁੱਖ ਕੈਸ